ਬਿਲਾਵਲੁ ਮਹਲਾ ੫ ॥ ਲਾਲ ਰੰਗੁ ਤਿਸ ਕਉ ਲਗਾ ਜਿਸ ਕੇ ਵਡਭਾਗਾ ॥ ਮੈਲਾ ਕਦੇ ਨ ਹੋਵਈ ਨਹ ਲਾਗੈ ਦਾਗਾ ॥੧॥ ਪ੍ਰਭੁ ਪਾਇਆ ਸੁਖਦਾਈਆ ਮਿਲਿਆ ਸੁਖ ਭਾਇ ॥ ਸਹਜਿ ਸਮਾਨਾ ਭੀਤਰੇ ਛੋਡਿਆ ਨਹ ਜਾਇ ॥੧॥ ਰਹਾਉ ॥ ਜਰਾ ਮਰਾ ਨਹ ਵਿਆਪਈ ਫਿਰਿ ਦੂਖੁ ਨ ਪਾਇਆ ॥ ਪੀ ਅੰਮ੍ਰਿਤੁ ਆਘਾਨਿਆ ਗੁਰਿ ਅਮਰੁ ਕਰਾਇਆ ॥੨॥ ਸੋ ਜਾਨੈ ਜਿਨਿ ਚਾਖਿਆ ਹਰਿ ਨਾਮੁ ਅਮੋਲਾ ॥ ਕੀਮਤਿ ਕਹੀ ਨ ਜਾਈਐ ਕਿਆ ਕਹਿ ਮੁਖਿ ਬੋਲਾ ॥ ੩॥ ਸਫਲ ਦਰਸੁ ਤੇਰਾ ਪਾਰਬ੍ਰਹਮ ਗੁਣ ਨਿਧਿ ਤੇਰੀ ਬਾਣੀ ॥ ਪਾਵਉ ਧੂਰਿ ਤੇਰੇ ਦਾਸ ਕੀ ਨਾਨਕ ਕੁਰਬਾਣੀ ॥੪॥੩॥੨੩॥ {ਪੰਨਾ 808}

ਪਦਅਰਥ:- ਲਾਲ ਰੰਗੁ—{ਲਾਲ ਰੰਗ ਸੁਹਾਗ ਦੀ ਨਿਸ਼ਾਨੀ ਹੈ। ਨਵੀਂ ਵਿਆਹੀ ਸੁਹਾਗਣ ਪਹਿਲਾਂ ਪਹਿਲਾਂ ਲਾਲ ਕੱਪੜੇ ਪਹਿਨਦੀ ਹੈ} ਸੁਹਾਗਣਾਂ ਵਾਲਾ ਗੂੜ੍ਹਾ ਪ੍ਰੇਮ ਰੰਗ। ਤਿਸ ਕਉ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ}। ਜਿਸ ਕੇ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ}। ਨ ਹੋਵਈ—ਨ ਹੋਵਏ, ਨ ਹੋਵੈ, ਨਹੀਂ ਹੁੰਦਾ। ਦਾਗਾ—(ਵਿਕਾਰਾਂ ਦਾ) ਦਾਗ਼।1।

ਸੁਖਦਾਈਆ—ਸੁਖ ਦੇਣ ਵਾਲਾ। ਸੁਖ ਭਾਇ—ਸੁਖ ਦੇ ਭਾਵ ਨਾਲ, ਆਤਮਕ ਆਨੰਦ ਦੀ ਰਾਹੀਂ। ਸਹਜਿ—ਆਤਮਕ ਅਡੋਲਤਾ ਵਿਚ। ਭੀਤਰੇ—ਹਿਰਦੇ ਵਿਚ, ਅੰਦਰ ਹੀ।1। ਰਹਾਉ।

ਜਰਾ—ਬੁਢੇਪਾ। ਮਰਾ—ਮੌਤ, ਆਤਮਕ ਮੌਤ। ਨਹ ਵਿਆਪਈ—ਜ਼ੋਰ ਨਹੀਂ ਪਾ ਸਕਦਾ। ਪੀ—ਪੀ ਕੇ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਆਘਾਨਿਆ—ਰੱਜ ਜਾਂਦਾ ਹੈ। ਗੁਰਿ—ਗੁਰੂ ਨੇ। ਅਮਰ—ਅਟੱਲ ਆਤਮਕ ਜੀਵਨ ਦਾ ਮਾਲਕ।2।

ਜਿਨਿ—ਜਿਸ ਨੇ। ਅਮੋਲਾ—ਜੋ ਕਿਸੇ ਭੀ ਮੁੱਲ ਤੋਂ ਨਾਹ ਮਿਲ ਸਕੇ। ਕਿਆ ਕਹਿ—ਕੀਹ ਆਖ ਕੇ? ਮੁਖਿ—ਮੂੰਹੋਂ। ਬੋਲਾ—ਬੋਲਾਂ, ਮੈਂ ਬੋਲਾਂ।3।

ਸਫਲ—ਫਲ ਦੇਣ ਵਾਲਾ, ਮਨੁੱਖਾ ਜੀਵਨ ਦਾ ਮਨੋਰਥ ਪੂਰਾ ਕਰਨ ਵਾਲਾ। ਪਾਰਬ੍ਰਹਮ—ਹੇ ਪਾਰਬ੍ਰਹਮ! ਗੁਣ ਨਿਧਿ—ਗੁਣਾਂ ਦਾ ਖ਼ਜ਼ਾਨਾ। ਪਾਵਉ—ਪਾਵਉਂ, ਮੈਂ ਪ੍ਰਾਪਤ ਕਰ ਲਵਾਂ। ਧੂਰਿ—ਚਰਨਾਂ ਦੀ ਧੂੜ। ਨਾਨਕ—ਹੇ ਨਾਨਕ!।4।

ਅਰਥ:- ਹੇ ਭਾਈ! ਜਿਸ ਮਨੁੱਖ ਨੇ (ਸਾਰੇ) ਸੁਖ ਦੇਣ ਵਾਲਾ ਪਰਮਾਤਮਾ ਲੱਭ ਲਿਆ, ਜਿਸ ਮਨੁੱਖ ਨੂੰ ਆਤਮਕ ਆਨੰਦ ਅਤੇ ਪ੍ਰੇਮ ਵਿਚ ਟਿਕ ਕੇ ਪ੍ਰਭੂ ਮਿਲ ਪਿਆ, ਉਹ (ਸਦਾ) ਅੰਦਰੋਂ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ, (ਉਸ ਨੂੰ ਇਤਨਾ ਰਸ ਆਉਂਦਾ ਹੈ ਕਿ ਫਿਰ ਉਹ ਉਸ ਨੂੰ) ਛੱਡ ਨਹੀਂ ਸਕਦਾ।1। ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਵੱਡੇ ਭਾਗ ਜਾਗ ਪੈਣ, ਉਸ ਦੇ ਹੀ ਮਨ ਨੂੰ ਪ੍ਰਭੂ-ਪਿਆਰ ਦਾ ਗੂੜ੍ਹਾ ਲਾਲ ਰੰਗ ਚੜ੍ਹਦਾ ਹੈ। ਇਹ ਰੰਗ ਐਸਾ ਹੈ ਕਿ ਇਸ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗਦੀ, ਇਸ ਨੂੰ ਵਿਕਾਰਾਂ ਦਾ ਦਾਗ਼ ਨਹੀਂ ਲੱਗਦਾ।1।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ ਅਟੱਲ ਆਤਮਕ ਜੀਵਨ ਦੇ ਦਿੱਤਾ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ (ਮਾਇਆ ਦੀ ਭੁੱਖ ਵਲੋਂ) ਰੱਜ ਜਾਂਦਾ ਹੈ। ਉਸ ਦੀ ਇਸ ਆਤਮਕ ਉੱਚਤਾ ਨੂੰ ਕਦੇ ਬੁਢੇਪਾ ਨਹੀਂ ਆਉਂਦਾ, ਕਦੇ ਮੌਤ ਨਹੀਂ ਆਉਂਦੀ, ਉਸ ਨੂੰ ਫਿਰ ਕਦੇ ਕੋਈ ਦੁੱਖ ਪੋਹ ਨਹੀਂ ਸਕਦਾ।2।

ਹੇ ਭਾਈ! ਪਰਮਾਤਮਾ ਦਾ ਨਾਮ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਵਿਚ ਨਹੀਂ ਮਿਲ ਸਕਦਾ। ਇਸ ਦੀ ਕਦਰ ਉਹੀ ਮਨੁੱਖ ਜਾਣਦਾ ਹੈ ਜਿਸ ਨੇ ਕਦੇ ਚੱਖ ਵੇਖਿਆ ਹੈ। ਹੇ ਭਾਈ! ਹਰਿ-ਨਾਮ ਦਾ ਮੁੱਲ ਦੱਸਿਆ ਨਹੀਂ ਜਾ ਸਕਦਾ। ਮੈਂ ਕੀਹ ਆਖ ਕੇ ਮੂੰਹੋਂ (ਇਸ ਦਾ ਮੁੱਲ) ਦੱਸਾਂ?।3।

ਹੇ ਪਰਮਾਤਮਾ! ਤੇਰਾ ਦਰਸ਼ਨ ਮਨੁੱਖਾ ਜਨਮ ਦਾ ਮਨੋਰਥ ਪੂਰਾ ਕਰਨ ਵਾਲਾ ਹੈ, ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ

ਗੁਣਾਂ ਦਾ ਖ਼ਜ਼ਾਨਾ ਹੈ। ਹੇ ਨਾਨਕ! (ਆਖ—ਹੇ ਪ੍ਰਭੂ! ਮੇਹਰ ਕਰ) ਮੈਂ ਤੇਰੇ ਸੇਵਕ ਦੇ ਪੈਰਾਂ ਦੀ ਖ਼ਾਕ ਹਾਸਲ ਕਰ ਸਕਾਂ, ਮੈਂ ਤੇਰੇ ਸੇਵਕ ਤੋਂ ਸਦਕੇ ਜਾਵਾਂ।4।3। 33।